ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ

ਪ੍ਰੈਸ ਨੋਟ ਨੰ:1

ਡਿਪਟੀ ਕਮਿਸ਼ਨਰ ਨੇ ਦਾਣਾ ਮੰਡੀ ਗੁਰੂਹਰਸਹਾਏ ਵਿਖੇ ਸ਼ੁਰੂ ਕਰਵਾਈ ਕਣਕ ਦੀ ਖ਼ਰੀਦ, ਖ਼ਰੀਦ ਤੋਂ ਪਹਿਲਾਂ ਕਿਸਾਨਾਂ ਅਤੇ ਲੇਬਰ ਨੂੰ ਵੰਡੇ ਮਾਸਕ

ਕਿਹਾ, ਮੰਡੀਆਂ ਵਿਚ ਕਿਸਾਨਾਂ, ਆੜ੍ਹਤੀਆਂ ਅਤੇ ਲੇਬਰ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ

ਕਰੋਨਾ ਵਾਇਰਸ ਦੇ ਚੱਲਦਿਆਂ ਸੋਸ਼ਲ ਡਿਸਟੈਂਸਿੰਗ ਬਣਾ ਕੇ ਕਰਵਾਈ ਜਾ ਰਹੀ ਹੈ ਖ਼ਰੀਦ: ਡਿਪਟੀ ਕਮਿਸ਼ਨਰ

ਫਿਰੋਜ਼ਪੁਰ/ਗੁਰੂਹਰਸਹਾਏ 18 ਅਪ੍ਰੈਲ 2020

ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਨੇ ਦਾਣਾ ਮੰਡੀ ਗੁਰੂਹਰਸਹਾਏ ਵਿਖੇ ਸੋਸ਼ਲ ਡਿਸਟੈਂਸਿੰਗ ਬਣਾ ਕੇ ਕਣਕ ਦੀ ਸਰਕਾਰੀ ਖ਼ਰੀਦ ਸ਼ੁਰੂ ਕਰਵਾਈ। ਕਣਕ ਦੀ ਖ਼ਰੀਦ ਸ਼ੁਰੂ ਕਰਵਾਉਣ ਤੋਂ ਪਹਿਲਾਂ ਉਨ੍ਹਾਂ ਵੱਲੋਂ ਕਿਸਾਨਾਂ ਅਤੇ ਲੇਬਰ ਨੂੰ ਸੈਨੇਟਾਈਜ਼ਰ, ਮਾਸਕ ਅਤੇ ਸਾਬਣ ਵੰਡੇ ਗਏ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿਚ ਕਿਸਾਨਾਂ ਦੀ ਫ਼ਸਲ ਦੀ ਨਿਰਵਿਘਨ ਖ਼ਰੀਦ, ਲਿਫਟਿੰਗ ਅਤੇ ਸਮੇਂ ਸਿਰ ਅਦਾਇਗੀ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ ਤੇ ਆੜ੍ਹਤੀਆਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੋਰੋਨਾ ਵਾਇਰਸ (ਕੋਵਿਡ-19) ਨੂੰ ਫੈਲਣ ਤੋਂ ਰੋਕਣ ਲਈ ਮੰਡੀਆਂ ਵਿਚ ਸੋਸ਼ਲ ਡਿਸਟੈਂਸਿੰਗ ਬਣਾਈ ਰੱਖਣੀ ਬਹੁਤ ਜ਼ਰੂਰੀ ਹੈ, ਇਸ ਲਈ ਖ਼ਰੀਦ ਕਰਾਉਣ ਮੌਕੇ ਸੋਸ਼ਲ ਡਿਸਟੈਸਿੰਗ ਦਾ ਪੂਰਾ ਧਿਆਨ ਰੱਖਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਾਰਕੀਟ ਕਮੇਟੀ ਰਾਹੀਂ ਕਿਸਾਨਾਂ/ਆੜ੍ਹਤੀਆਂ ਨੂੰ ਪਾਸ ਜਾਰੀ ਕੀਤੇ ਜਾ ਰਹੇ ਹਨ ਇਸ ਲਈ ਕਿਸਾਨ ਆਪਣੀ ਫ਼ਸਲ ਵੇਚਣ ਲਈ ਆਪਣਾ ਪਾਸ ਨਾਲ ਲੈ ਕੇ ਆਉਣ। ਉਨ੍ਹਾਂ ਸਮੂਹ ਕਿਸਾਨਾਂ/ਆੜ੍ਹਤੀਆਂ ਤੇ ਲੇਬਰ ਨੂੰ ਅਪੀਲ ਕੀਤੀ ਕਿ ਉਹ ਆਪਣੇ ਮੂੰਹ ਤੇ ਮਾਸਕ ਪਾ ਕੇ ਰੱਖਣ ਤੇ ਸੈਨੇਟਾਈਜ਼ਰ ਦੀ ਵਰਤੋਂ ਕਰੋ ਅਤੇ ਜੇਕਰ ਕਿਸੇ ਕੋਲ ਨਹੀਂ ਹੈ ਤਾਂ ਉਹ ਸਾਨੂੰ ਦੱਸਣ ਅਸੀਂ ਮਾਸਕ ਦਿਆਂਗੇ। ਉਨ੍ਹਾਂ ਕਿਹਾ ਕਿ ਖ਼ੁਰਾਕ ਤੇ ਸਿਵਲ ਸਪਲਾਈ ਵਿਭਾਗ ਵੱਲੋਂ ਵੀ ਖ਼ਰੀਦੀ ਗਈ ਕਣਕ ਦੀ ਢੋਆ ਢੁਆਈ ਲਈ ਟਰਾਂਸਪੋਰਟੇਸ਼ਨ ਅਤੇ ਲੇਬਰ ਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਅਤੇ ਜ਼ਿਲ੍ਹੇ ਦੀ ਕਿਸੇ ਵੀ ਅਨਾਜ ਮੰਡੀ ਵਿੱਚ ਬਾਰਦਾਨੇ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ, ਇਸ ਲਈ ਕਿਸਾਨਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿਚ ਸੁੱਕੀ ਕਣਕ ਹੀ ਲੈ ਕੇ ਆਉਣ, ਤਾਂ ਜੋ ਉਸ ਦੀ ਖ਼ਰੀਦ ਸਬੰਧੀ ਕੋਈ ਦਿੱਕਤ ਪੇਸ਼ ਨਾ ਆਵੇ।

ਉਨ੍ਹਾਂ ਅੱਗੇ ਦੱਸਿਆ ਕਿ 17 ਅਪ੍ਰੈਲ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 5248 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ ਤੇ 4388 ਮੀਟ੍ਰਿਕ ਟਨ ਦੀ ਖ਼ਰੀਦ ਹੋਈ ਹੈ, ਜਿਸ ਵਿਚੋਂ ਪਨਗਰੇਨ ਵੱਲੋਂ 984 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 897, ਪਨਸਪ ਵੱਲੋਂ 1125, ਪੰਜਾਬ ਵੇਅਰਹਾਊਸ ਵੱਲੋਂ 1170, ਐਫਸੀਆਈ ਵੱਲੋਂ 212 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਗਈ ਹੈ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਖ਼ਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖ਼ਰੀਦਿਆ ਜਾਵੇਗਾ। ਇਸ ਮੌਕੇ ਕਾਂਗਰਸੀ ਆਗੂ ਹੀਰਾ ਸੋਢੀ ਅਤੇ ਸਕੱਤਰ ਮਾਰਕੀਟ ਕਮੇਟੀ ਸਤਨਾਮ ਸਿੰਘ ਤੋ ਇਲਾਵਾ ਵੱਖ-ਵੱਖ ਖ਼ਰੀਦ ਏਜੰਸੀਆਂ ਦੇ ਅਧਿਕਾਰੀ, ਆੜ੍ਹਤੀਏ ਅਤੇ ਕਿਸਾਨ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਫਿਰੋਜ਼ਪੁਰ

ਪ੍ਰੈਸ ਨੋਟ 2

ਜ਼ਿਲ੍ਹਾ ਪ੍ਰਸ਼ਾਸਨ ਨੇ ਪਿੰਡ ਵਾੜਾ ਭਾਈ ਕਾ ਵਿਖੇ ਲੱਭੇ ਕੋਰੋਨਾ ਪੋਜ਼ੇਟਿਵ ਮਰੀਜ਼ ਦੇ 45 ਪ੍ਰਾਇਮਰੀ ਕੰਟੈਕਟ, ਸਾਰਿਆਂ ਨੂੰ ਕੀਤਾ ਹੋਮ ਕੁਆਰਨਟਈਨ

ਜ਼ਿਲ੍ਹਾ ਪ੍ਰਸ਼ਾਸਨ, ਸਿਹਤ ਵਿਭਾਗ ਅਤੇ ਪੁਲਿਸ ਵਿਭਾਗ ਦੀਆਂ ਸਾਂਝੀਆਂ ਟੀਮਾਂ ਨੇ ਸਾਂਝੇ ਤੌਰ ਤੇ ਘਰ-ਘਰ ਜਾ ਕੇ ਕੀਤਾ ਸਰਵੇ, ਮਰੀਜ਼ ਦੇ ਸੰਪਰਕ ਵਿੱਚ ਆਉਣ ਵਾਲੇ ਸਾਰੇ ਲੋਕਾਂ ਦੇ ਲਏ ਗਏ ਸੈਂਪਲ

ਫਿਰੋਜ਼ਪੁਰ, 18 ਅਪ੍ਰੈਲ 2020

ਕੋਰੋਨਾ ਵਾਇਰਸ ਦੇ ਫੈਲਣ ਨੂੰ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇੱਕ ਵਿਸ਼ੇਸ਼ ਘਰ-ਘਰ ਜਾ ਕੇ ਮੁਹਿੰਮ ਵਾੜਾ ਭਾਈ ਕਾ ਵਿਖੇ ਚਲਾਈ ਗਈ, ਜਿਸ ਦੇ ਤਹਿਤ ਕੋਰੋਨਾ ਵਾਇਰਸ ਨਾਲ ਪ੍ਰਭਾਵਿਤ ਮਰੀਜ਼ ਦੇ ਸੰਪਰਕ ਵਿਚ ਆਉਣ ਵਾਲੇ 45 ਲੋਕਾਂ (ਪ੍ਰਾਇਮਰੀ ਕੰਟੈਕਟ) ਦੀ ਪਹਿਚਾਣ ਕੀਤੀ ਗਈ ਹੈ। ਇਨ੍ਹਾਂ ਸਾਰੇ ਲੋਕਾਂ ਨੂੰ ਹੋਮ ਕੁਆਰਨਟਈਨ ਕੀਤਾ ਗਿਆ ਹੈ, ਨਾਲ ਹੀ ਇਨ੍ਹਾਂ ਦੇ ਸੈਂਪਲ ਲੈਬ ਟੈਸਟ ਲਈ ਭੇਜੇ ਗਏ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰ.ਕੁਲਵੰਤ ਸਿੰਘ ਨੇ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਪਿੰਡ ਵਿਚ ਕੋਰੋਨਾ ਪੋਜੇਟਿਵ ਮਰੀਜ਼ ਬਾਰੇ ਜਾਣਕਾਰੀ ਮਿਲਣ ਤੋ ਤੁਰੰਤ ਬਾਅਦ ਜ਼ਿਲ੍ਹਾ ਪ੍ਰਸ਼ਾਸਨ ਨੇ ਪਿੰਡ ਨੂੰ ਸੀਲ ਕਰਕੇ ਸੈਂਪਲ ਮੁਹਿੰਮ ਸ਼ੁਰੂ ਕਰ ਦਿੱਤੀ ਗਈ ਸੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਹੜਾ ਮਰੀਜ਼ ਕੋਰੋਨਾ ਪੋਜੇਟਿਵ ਆਇਆ ਹੈ, ਉਹ ਲੁਧਿਆਣੇ ਵਿਚ ਤਾਇਨਾਤ ਇੱਕ ਪੁਲਿਸ ਅਧਿਕਾਰੀ ਦਾ ਗੰਨਮੈਨ ਸੀ ਜੋ ਕੋਰੋਨਾ ਤੋ ਪੀੜਤ ਸੀ। ਗੰਨਮੈਨ ਹੋਣ ਕਰਕੇ, ਉਹ ਪੋਜੇਟਿਵ ਮਰੀਜ਼ ਦੇ ਪ੍ਰਾਇਮਰੀ ਕੰਟੈਕਟ ਵਿੱਚ ਸੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਵੇਂ ਹੀ ਪ੍ਰਸ਼ਾਸਨ ਨੂੰ ਪ੍ਰਾਇਮਰੀ ਕੰਟੈਕਟ ਦੇ ਬਾਰੇ ਜਾਣਕਾਰੀ ਮਿਲੀ, ਉਨ੍ਹਾਂ ਨੂੰ ਤੁਰੰਤ ਹੋਮ ਕੁਆਰਨਟਈਨ ਕੀਤਾ ਗਿਆ ਅਤੇ ਪੂਰੇ ਪਿੰਡ ਨੂੰ ਸੀਲ ਕਰ ਦਿੱਤਾ ਗਿਆ। ਸਾਰੀ ਮੁਹਿੰਮ ਐਸ.ਡੀ.ਐਮ ਫਿਰੋਜ਼ਪੁਰ ਸ੍ਰੀ.ਅਮਿਤ ਗੁਪਤਾ ਦੀ ਨਿਗਰਾਨੀ ਹੇਠ ਚੱਲ ਰਹੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆਂ ਕਿ ਪੋਜ਼ੇਟਿਵ ਮਰੀਜ਼ ਨੂੰ ਸਿਵਲ ਹਸਪਤਾਲ ਦੇ ਆਈਸੋਲੇਸ਼ਨ ਵਾਰਡ ਵਿੱਚ ਸ਼ਿਫ਼ਟ ਕਰ ਦਿੱਤਾ ਗਿਆ ਹੈ ਅਤੇ ਮਰੀਜ਼ ਵਿਚ ਕੋਰੋਨਾ ਵਾਇਰਸ ਨਾਲ ਸਬੰਧਿਤ ਕੋਈ ਲੱਛਣ ਅਜੇ ਸਾਹਮਣੇ ਨਹੀਂ ਆਏ ਹਨ ਅਤੇ ਮਰੀਜ਼ ਪੂਰੀ ਤਰ੍ਹਾਂ ਤੰਦਰੁਸਤ ਹੈ।

ਇਸ ਮੌਕੇ ਐਸ.ਡੀ.ਐਮ ਫਿਰੋਜ਼ਪੁਰ ਸ੍ਰੀ.ਅਮਿਤ ਗੁਪਤਾ ਨੇ ਦੱਸਿਆ ਕਿ ਸਾਂਝੀਆ ਟੀਮਾਂ ਵੱਲੋ ਪਿੰਡ ਦੇ 70 ਘਰਾਂ ਦਾ ਸਰਵੇ ਕੀਤਾ ਗਿਆ ਹੈ, ਜਿਸ ਵਿਚ 45 ਪ੍ਰਾਇਮਰੀ ਕਾਂਟੇਕਟ ਲੱਭ ਲਏ ਹਨ। ਜਿਨ੍ਹਾਂ ਦੇ ਸੈਂਪਲ ਲੈਬ ਟੈਸਟ ਲਈ ਭੇਜੇ ਗਏ ਹਨ। ਉਨ੍ਹਾਂ ਦੱਸਿਆ ਕਿ ਸਾਡੀਆਂ ਟੀਮਾਂ ਪੂਰੀ ਸਥਿਤੀ 'ਤੇ ਦਿਨ-ਰਾਤ ਨਿਗਰਾਨੀ ਕਰ ਰਹੀਆਂ ਹਨ ਅਤੇ ਪੂਰੇ ਪਿੰਡ ਦੀ ਸੀਲਿੰਗ ਕਰਕੇ ਇੱਕ-ਇੱਕ ਘਰ ਵਿਚ ਜਾ ਕੇ ਜਾਂਚ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੂਰੇ ਪਿੰਡ ਚੰਗੀ ਤਰ੍ਹਾਂ ਸੈਨੇਟਾਈਜ਼ ਕਰਨ ਲਈ ਇੱਕ ਮੁਹਿੰਮ ਸ਼ੁਰੂ ਕੀਤੀ ਗਈ, ਜਿਸ ਤਹਿਤ ਪਿੰਡ ਦੇ ਹਰ ਘਰ ਨੂੰ ਸੈਨੇਟਾਈਜ਼ ਕੀਤਾ ਜਾਵੇਗਾ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਫਿਰੋਜ਼ਪੁਰ

ਪ੍ਰੈਸ ਨੋਟ 3

ਡਿਪਟੀ ਕਮਿਸ਼ਨਰ ਨੇ ਮਨੁੱਖਤਾ ਦੀ ਸੇਵਾ ਕਰ ਰਹੀਆਂ ਸਮਾਜ ਸੇਵੀ ਸੰਸਥਾਵਾਂ ਦੀ ਕੀਤੀ ਸ਼ਲਾਘਾ, ਡੇਰਾ ਰਾਧਾ ਸਵਾਮੀ ਗੁਰੂਹਰਸਹਾਏ ਦਾ ਕੀਤਾ ਦੌਰਾ

ਡੇਰੇ ਵੱਲੋਂ ਰੋਜ਼ਾਨਾ 2500 ਲੋਕਾਂ ਲਈ ਲੰਗਰ ਤਿਆਰ ਕਰਨ ਅਤੇ ਵੰਡਣ ਦੀ ਪ੍ਰਸ਼ੰਸਾ ਕਰਦੇ ਹੋਏ ਇਸ ਨੂੰ ਮਨੁੱਖਤਾ ਦੀ ਸੱਚੀ ਸੇਵਾ ਦੱਸਿਆ

ਫਿਰੋਜ਼ਪੁਰ/ਗੁਰੂਹਰਸਹਾਏ 18 ਅਪ੍ਰੈਲ 2020

ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ਼੍ਰੀ ਕੁਲਵੰਤ ਸਿੰਘ ਨੇ ਸੰਕਟ ਦੀ ਇਸ ਘੜੀ ਵਿੱਚ ਮਨੁੱਖਤਾ ਦੀ ਸੇਵਾ ਵਿਚ ਲੱਗੀ ਹੋਏ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਕੰਮਾਂ ਨੂੰ ਮਨੁੱਖਤਾ ਦੀ ਸੱਚੀ ਸੇਵਾ ਦੱਸਿਆ ਹੈ। ਸ਼ਨੀਵਾਰ ਨੂੰ ਡਿਪਟੀ ਕਮਿਸ਼ਨਰ ਸ਼੍ਰੀ ਕੁਲਵੰਤ ਸਿੰਘ ਗੁਰੂਹਰਸਹਾਏ ਵਿਖੇ ਸਥਿਤ ਡੇਰਾ ਰਾਧਾ ਸਵਾਮੀ ਪਹੁੰਚੇ ਅਤੇ ਇੱਥੋਂ ਦੇ ਲੋਕਾਂ ਲਈ ਤਿਆਰ ਕੀਤੇ ਜਾ ਰਹੇ ਲੰਗਰ ਦੇ ਕੰਮਾਂ ਦਾ ਜਾਇਜ਼ਾ ਲਿਆ।
ਡਿਪਟੀ ਕਮਿਸ਼ਨਰ ਸ੍ਰ.ਕੁਲਵੰਤ ਸਿੰਘ ਨੇ ਦੱਸਿਆ ਕਿ ਡੇਰੇ ਵੱਲੋਂ ਹਰ ਰੋਜ਼ 2500 ਲੋਕਾਂ ਦੇ ਲਈ ਲੰਗਰ ਤਿਆਰ ਕੀਤਾ ਜਾਂਦਾ ਹੈ। ਇਹ ਲੰਗਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਤਾਇਨਾਤ ਵਿਸ਼ੇਸ਼ ਕੀਤੀ ਗਈ ਵਿਸ਼ੇਸ਼ ਟੀਮਾਂ ਦੇ ਜ਼ਰੀਏ ਕਰਫ਼ਿਊ ਦੇ ਦੌਰਾਨ ਗ਼ਰੀਬ ਅਤੇ ਲੋੜਵੰਦਾਂ ਨੂੰ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਲੰਗਰ ਤਿਆਰ ਕਰਦੇ ਸਮੇਂ ਡੇਰੇ ਦੇ ਅੰਦਰ ਸੋਸ਼ਲ ਡਿਸਟੈਂਸਿੰਗ ਦ ਪ੍ਰਬੰਧਾਂ ਦੀ ਵੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਹ ਸਾਰੇ ਵਲੰਟੀਅਰਾਂ ਵੱਲੋਂ ਮਾਸਕ ਵੀ ਪਹਿਨੇ ਗਏ ਹਨ ਅਤੇ ਸਾਫ਼-ਸਫ਼ਾਈ ਦਾ ਵੀ ਪੂਰਾ ਧਿਆਨ ਰੱਖਿਆ ਜਾ ਰਿਹਾ ਹੈ।
ਡਿਪਟੀ ਕਮਿਸ਼ਨਰ ਸ੍ਰ.ਕੁਲਵੰਤ ਸਿੰਘ ਨੇ ਦੱਸਿਆ ਕਿ ਫਿਰੋਜ਼ਪੁਰ ਵਿਚ ਲਗਭਗ 70 ਸਮਾਜ ਸੇਵੀ ਸੰਸਥਾਵਾਂ ਲੋਕਾਂ ਨੂੰ ਲੰਗਰ ਅਤੇ ਸੁੱਕਾ ਰਾਸ਼ਨ ਮੁਹੱਈਆ ਕਰਵਾਉਣ ਦੇ ਕੰਮ ਵਿਚ ਜੁੱਟੀਆਂ ਹੋਈਆ ਹਨ। ਇਸ ਤੋ ਇਲਾਵਾ ਪ੍ਰਸ਼ਾਸਨ ਦੇ ਵੱਲੋਂ ਵੀ ਇਨ੍ਹਾਂ ਸੰਸਥਾਵਾਂ ਦੇ ਸਹਿਯੋਗ ਨਾਲ ਕਈ ਥਾਵਾਂ 'ਤੇ ਕਮਿਊਨਿਟੀ ਕਿਚਨ ਚਲਾਏ ਜਾ ਰਹੇ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸੰਕਟ ਦੀ ਇਸ ਘੜੀ ਵਿਚ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਵੱਲੋਂ ਦਰਸਾਏ ਗਏ ਜਜ਼ਬੇ ਦੀ ਬਹੁਤ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਗਰੀਬ ਅਤੇ ਜ਼ਰੂਰਤਮੰਦ ਲੋਕਾਂ ਤੱਕ ਕਰਫ਼ਿਊ ਲਗਾਏ ਜਾਣ ਤੋ ਬਾਅਦ ਤੋ ਹੀ ਲਗਾਤਾਰ ਇਸ ਤਰ੍ਹਾਂ ਦੀ ਸਹਾਇਤਾ ਕੀਤੀ ਜਾ ਰਹੀ ਹੈ। ਇਸ ਤੋ ਇਲਾਵਾ ਜ਼ਿਲ੍ਹੇ ਭਰ ਵਿਚ ਲੋਕਾਂ ਦੇ ਘਰਾਂ ਤੱਕ ਰਾਸ਼ਨ, ਦੁੱਧ-ਦਹੀ, ਫਲ-ਸਬਜ਼ੀਆਂ ਆਦਿ ਨਿਰੰਤਰ ਪਹੁੰਚਦੇ ਰਹਿਣ ਇਸ ਦਾ ਵੀ ਪੁਖ਼ਤਾ ਇੰਤਜ਼ਾਮ ਕੀਤਾ ਗਿਆ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ
ਪ੍ਰੈਸ ਨੋਟ 4

ਨੋਵਲ ਕੋਰੋਨਾ ਵਾਇਰਸ (ਕੋਵਿਡ-19) ਦੇ ਪ੍ਰਭਾਵ ਨੂੰ ਦੇਖਦਿਆਂ ਪੰਜਾਬ ਸਰਕਾਰ ਵੱਲੋਂ ਫਿਰੋਜ਼ਪੁਰ ਸ਼ਹਿਰ ਦੀ ਦਾਣਾ ਮੰਡੀ ਵਿੱਚ ਪੁਖ਼ਤਾ ਪ੍ਰਬੰਧ ਪ੍ਰਸ਼ੰਸਾਜਨਕ ਹਨ-ਕਿਸਾਨ ਹਰਮੇਸ਼ ਸਿੰਘ
ਕਿਹਾ, ਮਾਰਕੀਟ ਕਮੇਟੀ ਦੇ ਅਧਿਕਾਰੀਆਂ ਵੱਲੋਂ ਟਰੈਕਟਰ/ਟਰਾਲੀ ਦੇ ਖ਼ਰੀਦ ਕੇਂਦਰ ਅੰਦਰ ਦਾਖਲ ਹੁੰਦਿਆਂ ਹੀ ਪੂਰੀ ਤਰ੍ਹਾਂ ਸੈਨੇਟਾਈਜ਼ ਕੀਤਾ ਜਾਂਦਾ ਹੈ
ਕਿਸਾਨ ਆਪਣੀ ਕਣਕ ਦੀ ਫ਼ਸਲ ਪੂਰੀ ਤਰ੍ਹਾਂ ਪਕਾ ਕੇ ਤੇ ਪਾਸ ਪ੍ਰਾਪਤ ਕਰਨ ਉਪਰੰਤ ਹੀ ਮੰਡੀਆਂ ਵਿੱਚ ਲਿਆਉਣ-ਡਿਪਟੀ ਕਮਿਸ਼ਨਰ

ਫਿਰੋਜ਼ਪੁਰ 18 ਅਪ੍ਰੈਲ 2020

ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨੋਵਲ ਕੋਰੋਨਾ ਵਾਇਰਸ (ਕੋਵਿਡ-19) ਦੇ ਪ੍ਰਭਾਵ ਨੂੰ ਦੇਖਦਿਆਂ ਜ਼ਿਲ੍ਹੇ ਦੀਆਂ ਸਮੂਹ ਦਾਣਾ ਮੰਡੀਆਂ ਵਿੱਚ ਕਣਕ ਦੀ ਖਰੀਦ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ ਜੋ ਕਿ ਕਾਫ਼ੀ ਪ੍ਰਸ਼ੰਸਾਜਨਕ ਹਨ ਤੇ ਇਸੇ ਲੜੀ ਤਹਿਤ ਦਾਣਾ ਮੰਡੀ ਫਿਰੋਜ਼ਪੁਰ ਸ਼ਹਿਰ ਵਿੱਚ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਵਿੱਚ ਕੋਈ ਮੁਸ਼ਕਲ ਪੇਸ਼ ਨਹੀਂ ਆ ਰਹੀ ਹੈ। ਇਹ ਪ੍ਰਗਟਾਵਾ ਫਿਰੋਜ਼ਪੁਰ ਹਲਕੇ ਦੇ ਕਿਸਾਨ ਹਰਮੇਸ਼ ਸਿੰਘ ਅਤੇ ਰਾਜਿੰਦਰ ਸਿੰਘ ਪਿੰਡ ਲੱਖਾ ਭੇਡੀਆ ਨੇ ਆਪਣੀ ਫਸਲ ਵੇਚਣ ਆਏ ਮੌਕੇ ਕੀਤਾ।

ਇਸ ਮੌਕੇ ਕਿਸਾਨ ਹਰਮੇਸ਼ ਸਿੰਘ ਤੇ ਰਾਜਿੰਦਰ ਸਿੰਘ ਨੇ ਦੱਸਿਆ ਕਿ ਇਸ ਬਿਮਾਰੀ ਤੋਂ ਬਚਾਅ ਲਈ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਮੰਡੀ ਬੋਰਡ ਤੇ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਵੱਲੋਂ ਪਾਲਣਾ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਵੱਲੋਂ ਟਰੈਕਟਰ ਤੇ ਟਰਾਲੀ ਦੇ ਖ਼ਰੀਦ ਕੇਂਦਰ ਅੰਦਰ ਦਾਖਲ ਹੁੰਦਿਆਂ ਹੀ ਪੂਰੀ ਤਰ੍ਹਾਂ ਸੈਨੇਟਾਈਜ਼ ਕੀਤਾ ਗਿਆ। ਇਸ ਉਪਰੰਤ ਕਿਸਾਨ ਡਰਾਈਵਰ ਦੇ ਹੱਥ ਧੁਆਏ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਕੋਵਿਡ-19 ਕੋਰੋਨਾ ਵਾਇਰਸ ਦੀ ਬਿਮਾਰੀ ਨੂੰ ਮੱਦੇਨਜ਼ਰ ਰੱਖਦਿਆਂ ਸਰਕਾਰ ਵੱਲੋਂ ਮਾਰਕੀਟ ਕਮੇਟੀ ਰਾਹੀਂ ਸਾਨੂੰ ਪਾਸ ਮੁਹੱਈਆ ਕਰਵਾਏ ਗਏ ਹਨ ਤੇ ਪ੍ਰਾਪਤ ਪਾਸ ਲੈ ਕੇ ਅਸੀਂ ਮੰਡੀ ਵਿੱਚ ਆਉਂਦੇ ਹਾਂ ਤੇ ਸੋਸ਼ਲ ਡਿਸਟੈਂਸਿੰਗ ਦੀ ਪਾਲਣਾ ਕਰਦੇ ਹੋਏ ਆਪਣੀ ਕਣਕ ਦੀ ਫਸਲ ਵੇਚਦੇ ਹਾਂ।

ਇਸ ਤੋਂ ਬਾਅਦ ਕਿਸਾਨ ਗੁਰਦੇਵ ਸਿੰਘ ਪਿੰਡ ਹਾਕੇ ਵਾਲਾ ਨੇ ਦੱਸਿਆ ਕਿ ਮੈਂ ਆਪਣੀ ਕਣਕ ਦੀ ਫਸਲ ਸਵੇਰੇ ਮੰਡੀ ਵਿੱਚ ਲੈ ਕੇ ਆਇਆ ਹਾਂ ਤੇ ਮੰਡੀ ਦੇ ਐਂਟਰੀ ਗੇਟ ਤੇ ਮੇਰੇ ਟਰੈਕਟਰ ਟਰਾਲੀ ਨੂੰ ਸੈਨੇਟਾਈਜ਼ ਕੀਤਾ ਗਿਆ ਹੈ ਤੇ ਮੰਡੀ ਆਉਂਦਿਆਂ ਹੀ ਮੇਰੀ ਫਸਲ ਨੂੰ ਲਾਹ ਕੇ ਪੱਖਾ ਲਗਾਇਆ ਗਿਆ ਹੈ ਤੇ ਹੁਣ ਇਸ ਦੀ ਤੁਲਾਈ ਹੋਣ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੈਨੂੰ ਪੂਰੀ ਉਮੀਦ ਹੈ ਕਿ ਮੈਂ ਸ਼ਾਮ ਤੱਕ ਆਪਣੀ ਫਸਲ ਵੇਚ ਕੇ ਆਪਣੇ ਘਰ ਚਲਿਆ ਜਾਵਾਂਗਾ ਇਸ ਲਈ ਮੈਂ ਪੰਜਾਬ ਸਰਕਾਰ ਦਾ ਬਹੁਤ ਧੰਨਵਾਦੀ ਹਾਂ। ਇਸ ਤੋਂ ਇਲਾਵਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਵੱਲੋਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਪਣੀ ਕਣਕ ਦੀ ਫ਼ਸਲ ਪੂਰੀ ਤਰ੍ਹਾਂ ਪਕਾ ਕੇ ਤੇ ਪਾਸ ਪ੍ਰਾਪਤ ਕਰਨ ਉਪਰੰਤ ਹੀ ਮੰਡੀਆਂ ਵਿੱਚ ਲਿਆਉਣ ਤਾਂ ਜੋ ਕਿਸਾਨਾਂ ਨੂੰ ਕਿਸੇ ਪ੍ਰਕਾਰ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਕਿਸਾਨਾਂ ਦੀ ਹਰ ਸੰਭਵ ਮਦਦ ਕਰਨ ਲਈ ਤਿਆਰ ਹੈ ਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕਣਕ ਦੀ ਲਿਫ਼ਟਿੰਗ, ਖ਼ਰੀਦ ਤੇ ਅਦਾਇਗੀ ਸਬੰਧੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਫਿਰੋਜ਼ਪੁਰ

ਪ੍ਰੈਸ ਨੋਟ 5

ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਸੌਂਪੀ ਪੀ.ਪੀ.ਈ ਕਿੱਟਾਂ ਅਤੇ ਮਾਸਕ

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੋਰੋਨਾ ਵਾਇਰਸ ਦੇ ਖ਼ਿਲਾਫ਼ ਚੱਲ ਰਹੀ ਲੜਾਈ ਵਿਚ ਦੇਸ਼ ਦੇ ਲੋਕਾਂ, ਸਮਾਜ ਸੇਵੀਆਂ ਅਤੇ ਧਾਰਮਿਕ ਸੰਸਥਾਵਾਂ ਦਾ ਹੈ ਮਹੱਤਵਪੂਰਨ ਯੋਗਦਾਨ

ਫਿਰੋਜ਼ਪੁਰ 18 ਅਪ੍ਰੈਲ 2020

ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਇੱਕ ਵਫ਼ਦ ਸ਼ਨੀਵਾਰ ਨੂੰ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ੍ਰੀ ਕੁਲਵੰਤ ਸਿੰਘ ਨਾਲ ਮੁਲਾਕਾਤ ਕੀਤੀ ਅਤੇ ਡਿਪਟੀ ਕਮਿਸ਼ਨਰ ਨੂੰ ਕੋਰੋਨਾ ਵਾਇਰਸ ਦੇ ਵਿਰੁੱਧ ਚੱਲ ਰਹੀ ਲੜਾਈ ਵਿੱਚ ਆਪਣਾ ਯੋਗਦਾਨ ਦਿੱਤਾ ਗਿਆ। ਟਰੱਸਟ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਫ਼ਰੰਟ ਲਾਈਨ ਹੈਲਥ ਕੇਅਰ ਵਰਕਰਾਂ ਲਈ ਪੀਪੀਈ ਕਿੱਟਾਂ ਅਤੇ ਮਾਸਕ ਸੌਂਪੇ ਗਏ।

ਟਰੱਸਟ ਵੱਲੋਂ ਕੀਤੇ ਗਏ ਉਪਰਾਲੇ ਦੀ ਡਿਪਟੀ ਕਮਿਸ਼ਨਰ ਸ੍ਰ.ਕੁਲਵੰਤ ਸਿੰਘ ਨੇ ਸ਼ਲਾਘਾ ਕਰਦਿਆਂ ਕਿਹਾ ਕਿ ਸਮੂਹਿਕ ਯਤਨਾਂ ਸਦਕਾ ਹੀ

ਜਿੱਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਸ ਲੜਾਈ ਵਿਚ ਦੇਸ਼ ਦੇ ਲੋਕਾਂ, ਦਾਨੀ ਸੱਜਣਾਂ, ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਦਾ ਯੋਗਦਾਨ ਮਹੱਤਵਪੂਰਨ ਹੈ, ਜੋ ਕਿ ਨਿਰੰਤਰ ਮਨੁੱਖਤਾ ਦੀ ਸੇਵਾ ਵਿਚ ਲੱਗੇ ਹੋਏ ਹਨ। ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਦਿੱਤੀ ਗਈ ਸਹਾਇਤਾ ਉਨ੍ਹਾਂ ਕਾਮਿਆਂ ਨੂੰ ਮੁਹੱਈਆ ਕਰਵਾਈ ਜਾਵੇਗੀ ਜੋ ਮੋਰਚੇ 'ਤੇ ਖੜੇ ਹਨ ਅਤੇ ਇਸ ਲੜਾਈ ਨੂੰ ਅੱਗੇ ਹੋ ਕੇ ਲੜ ਰਹੇ ਹਨ।

ਸੰਸਥਾ ਦੇ ਅਧਿਕਾਰੀ ਹਰਜਿੰਦਰ ਸਿੰਘ ਨੇ ਦੱਸਿਆ ਕਿ ਸੰਸਥਾ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ 25 ਪੀ.ਪੀ.ਈ ਕਿੱਟਾਂ, 50 ਐਨ -95 ਮਾਸਕ ਅਤੇ 250 ਆਮ ਮਾਸਕ ਸੌਂਪੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਸੰਸਥਾ ਵੱਲੋਂ ਇਸ ਤਰ੍ਹਾਂ ਦੇ ਯਤਨ ਕੀਤੇ ਜਾਣਗੇ। ਇਸ ਤੋਂ ਪਹਿਲਾਂ ਵੀ ਸੰਸਥਾ ਵੱਲੋਂ ਗ਼ਰੀਬਾਂ ਅਤੇ ਲੋੜਵੰਦਾਂ ਲਈ ਬਹੁਤ ਸਾਰੇ ਯਤਨ ਕੀਤੇ ਗਏ ਹਨ ਅਤੇ ਸੰਕਟ ਦੀ ਇਸ ਘੜੀ ਵਿੱਚ ਸਾਡਾ ਟਰੱਸਟ ਸਭ ਤੋਂ ਅੱਗੇ ਹੋਵੇਗਾ।